# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਦੇ ਸਾਹਿਬਾ-ਬਾਦ ਅਤੇ ਨਿਊ ਅਸ਼ੋਕ ਨਗਰ ਦਰਮਿਆਨ, ਨਮੋ ਭਾਰਤ ਲਾਂਘੇ ਸਮੇਤ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ।
- ਸਰਕਾਰ ਨੇ ਕਿਹਾ- ਡਿਜੀਟਲ ਨਿਜੀ ਡੇਟਾ ਸੁਰੱਖਿਆ ਨਿਯਮਾਂ ਦੇ ਖਰੜੇ ਦਾ ਉਦੇਸ਼, ਇਸਦੀ ਸੁਰੱਖਿਆ ਲਈ, ਇੱਕ ਮਜ਼ਬੂਤ ਢਾਂਚਾ ਤਿਆਰ ਕਰਨਾ ਏ ।
- ਸਿਹਤ ਮੰਤਰਾਲੇ ਦੀ, ਚੀਨ ਵਿੱਚ H.M.P. ਵਾਇਰਸ ਦੇ ਫੈਲਣ 'ਤੇ ਕਰੜੀ ਨਜ਼ਰ - ਮੰਤਰਾਲੇ ਨੇ ਲੋਕਾਂ ਨੂੰ, ਬਿਲਕੁਲ ਵੀ ਨਾ ਘਬਰਾਓਣ ਤੇ ਸਾਵਧਾਨੀ ਵਰਤਣ ਦੀ ਕੀਤੀ ਅਪੀਲ ।
- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ, ਸੂਬੇ ‘ਚ ਸਿੰਥੈਟਿਕ ਸਮੱਗਰੀ ਤੋਂ ਬਣੀ ਚਾਈਨਾ ਡੋਰ ‘ਤੇ, ਮੁਕੰਮਲ ਤੌਰ ਪਾਬੰਦੀ ਦੇ ਹੁਕਮ ਜਾਰੀ-

ਹੁਕਮਾਂ ਦੀ ਉਲੰਘਣਾ ਕਰਨ 'ਤੇ ਸਜ਼ਾ ਦੀ ਵਿਵਸਥਾ ਵੀ ਕੀਤੀ ਗਈ ਏ।

- ਪੰਜਾਬ ਦੇ ਸਾਬਕਾ ਮੰਤਰੀ ਅਜਾਇਬ ਸਿੰਘ ਮੁਖਮੇਲਪੁਰ ਦਾ ਅੰਤਿਮ ਸਸਕਾਰ,ਅੱਜ ਉਨ੍ਹਾਂ ਦੇ ਜੱਦੀ ਪਿੰਡ ਮੁਖ-ਮੇਲਪੁਰ ਵਿਖੇ, ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ।
- ਮੌਸਮ ਵਿਭਾਗ ਨੇ, ਅਗਲੇ ਦੋ ਦਿਨਾਂ ਵਿੱਚ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਗਰਜ ਨਾਲ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦਿੱਲੀ ਵਿੱਚ 12 ਹਜ਼ਾਰ 200 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਪ੍ਰੋਜੈਕਟਾਂ ਰਾਹੀਂ ਮੁੱਖ ਤੌਰ 'ਤੇ ਖੇਤਰੀ ਸੰਪਰਕ ਵਧਾਉਣ ਅਤੇ ਸਫ਼ਰ ਦੀ ਸੌਖ ਨੂੰ ਯਕੀਨੀ ਬਣਾਉਣ ਤੇ ਧਿਆਨ ਕੇਂਦਰਿਤ ਕੀਤਾ ਗਿਆ ਏ। ਇਸ ਮੌਕੇ 'ਤੇ ਬੋਲਦਿਆਂ ਸ੍ਰੀ ਮੋਦੀ ਨੇ ਕਿਹਾ, ਦਿੱਲੀ-ਰਾਸ਼ਟਰੀ ਰਾਜਧਾਨੀ ਖੇਤਰ ਨੂੰ ਭਾਰਤ ਸਰਕਾਰ ਵੱਲੋਂ ਇੱਕ ਮਹੱਤਵਪੂਰਨ ਤੋਹਫ਼ਾ ਮਿਲਿਆ ਏ ਅਤੇ

ਕਿਹਾ ਕਿ ਭਾਰਤ ਦੀ ਸ਼ਹਿਰੀ ਗਤੀਸ਼ੀਲਤਾ ਦਾ ਹੋਰ ਵਿਸਥਾਰ ਹੋਇਆ ਏ। ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇੱਕ ਵਾਰ ਨਮੋ ਭਾਰਤ ਪ੍ਰੋਜੈਕਟ ਪੂਰਾ ਹੋਣ ਤੋਂ ਬਾਅਦ, ਦਿੱਲੀ-ਮੇਰਠ ਮਾਰਗ 'ਤੇ ਆਵਾਜਾਈ ਵਿੱਚ ਮਹੱਤਵਪੂਰਨ ਤਬਦੀਲੀ ਆਵੇਗੀ। ਉਨ੍ਹਾਂ ਨੇ ਇਸ ਗੱਲ ਨੂੰ ਉਜਾਗਰ ਕੀਤਾ ਕਿ ਭਾਰਤ ਦਾ ਮੈਟਰੋ ਨੈੱਟਵਰਕ, ਹੁਣ ਇੱਕ ਹਜ਼ਾਰ ਕਿਲੋਮੀਟਰ ਤੱਕ ਪਹੁੰਚ ਗਿਆ ਏ ਅਤੇ ਇਸਦੀ ਇੱਕ ਸ਼ਾਨਦਾਰ ਪ੍ਰਾਪਤੀ ਵਜੋਂ ਸ਼ਲਾਘਾ ਕੀਤੀ।
ਇਸ ਮੌਕੇ ਬੋਲਦਿਆਂ ਪ੍ਰਧਾਨ ਮੰਤਰੀ ਨੇ ਕਿਹਾ।

**BYTE:**

ਸ੍ਰੀ ਮੋਦੀ ਨੇ ਕਿਹਾ ਕਿ ਰਿਠਾਲਾ-ਨਰੇਲਾ-ਕੁੰਡਲੀ ਕੋਰੀਡੋਰ, ਦਿੱਲੀ ਮੈਟਰੋ ਨੈਟਵਰਕ ਦੇ ਸਭ ਤੋਂ ਵੱਡੇ ਹਿਸਿਆਂ ਵਿੱਚੋਂ ਇੱਕ ਹੋਵੇਗਾ, ਜੋ ਦਿੱਲੀ ਅਤੇ ਹਰਿਆਣਾ ਵਿੱਚ ਪ੍ਰਮੁੱਖ ਉਦਯੋਗਿਕ ਕੇਂਦਰਾਂ ਵਿਚਕਾਰ ਸੰਪਰਕ ਨੂੰ ਮਜ਼ਬੂਤ ਕਰੇਗਾ ਅਤੇ ਲੋਕਾਂ ਲਈ ਆਉਣ-ਜਾਣ ਨੂੰ ਆਸਾਨ ਬਣਾਵੇਗਾ। ਪ੍ਰਧਾਨ ਮੰਤਰੀ ਨੇ ਕਿਹਾ, ਪਿਛਲੇ ਇੱਕ ਦਹਾਕੇ ਤੋਂ ਸਰਕਾਰ ਦਾ ਮੁੱਖ ਧਿਆਨ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ ਰਿਹਾ ਏ। ਉਨ੍ਹਾਂ

ਕਿਹਾ ਕਿ 10 ਸਾਲ ਪਹਿਲਾਂ ਬੁਨਿਆਦੀ ਢਾਂਚੇ ਦਾ ਬਜਟ ਲਗਭਗ 2 ਲੱਖ ਕਰੋੜ ਰੁਪਏ ਸੀ, ਜੋ ਹੁਣ ਵਧ ਕੇ 11 ਲੱਖ ਕਰੋੜ ਰੁਪਏ ਹੋ ਗਿਆ ਏ । ਸਮਾਗਮ ਵਿੱਚ ਕੇਂਦਰੀ ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਬਾਰੇ ਮੰਤਰੀ ਮਨੋਹਰ ਲਾਲ, ਦਿੱਲੀ ਦੇ ਉਪ ਰਾਜਪਾਲ ਵਿਨੈ ਕੁਮਾਰ ਸਕਸੈਨਾ, ਦਿੱਲੀ ਦੇ ਮੁੱਖ ਮੰਤਰੀ ਆਤਿਸ਼ੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਪ੍ਰਧਾਨ ਮੰਤਰੀ ਨੇ ਰੋਹਿਣੀ, ਨਵੀਂ ਦਿੱਲੀ ਵਿਖੇ ਕੇਂਦਰੀ ਆਯੁਰਵੇਦ ਖੋਜ ਸੰਸਥਾਨ ਲਈ ਲਗਭਗ 185 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਨਵੀਂ ਅਤਿ-ਆਧੁਨਿਕ ਇਮਾਰਤ ਦਾ ਨੀਂਹ ਪੱਥਰ ਵੀ ਰੱਖਿਆ।

---------------------------------------------------------------

ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਵਲੋਂ, ਡਿਜੀਟਲ ਨਿੱਜੀ ਡੇਟਾ ਸੁਰੱਖਿਆ ਨਿਯਮਾਂ ਦਾ ਖਰੜਾ ਜਾਰੀ ਕੀਤਾ ਗਿਆ ਏ, ਜਿਸਦਾ ਉਦੇਸ਼ ਨਾਗਰਿਕਾਂ ਦੇ ਨਿੱਜੀ ਡੇਟਾ ਦੀ ਸੁਰੱਖਿਆ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਏ । ਸਰਕਾਰ ਨੇ ਕਿਹਾ ਏ ਕਿ ਇਹ ਨਿਯਮ, ਤੇਜ਼ੀ ਨਾਲ ਵਧ ਰਹੀ ਡਿਜੀਟਲ ਅਰਥ-ਵਿਵਸਥਾ 'ਚ ਨਾਗਰਿਕਾਂ ਨੂੰ ਸ਼ਕਤੀ

ਪ੍ਰਦਾਨ ਕਰਨ ਲਈ ਬਣਾਏ ਗਏ ਨੇ। ਇਸ ਵਿੱਚ ਖਾਸ ਚੁਣੌਤੀਆਂ ਜਿਵੇਂ ਕਿ ਡੇਟਾ ਤੱਕ ਅਣਅਧਿਕਾਰਤ ਪਹੁੰਚ, ਡਿਜੀਟਲ ਨੁਕਸਾਨ ਅਤੇ ਨਿੱਜੀ ਡੇਟਾ ਦੀ ਉਲੰਘਣਾ ਨੂੰ ਹੱਲ ਕਰਨ ਲਈ ਵੀ ਪ੍ਰਬੰਧ ਨੇ। ਨਿਯਮ ਨਾਗਰਿਕਾਂ ਨੂੰ ਉਨ੍ਹਾਂ ਦੇ ਡੇਟਾ 'ਤੇ ਵਧੇਰੇ ਨਿਯੰਤਰਣ ਦੇ ਕੇ ਸ਼ਕਤੀ ਪ੍ਰਦਾਨ ਕਰਦੇ ਨੇ। ਸ਼ਿਕਾਇਤ ਨਿਵਾਰਣ ਵਰਗੇ ਪ੍ਰਬੰਧ ਵੀ ਡਿਜੀਟਲ ਪਲੇਟਫਾਰਮਾਂ 'ਤੇ ਭਰੋਸਾ ਵਧਾਉਂਦੇ ਨੇ। ਨਾਗਰਿਕ ਸ਼ਮੂਲੀਅਤ ਦੀ ਮਹੱਤਤਾ ਨੂੰ ਧਿਆਨ ਵਿੱਚ ਰੱਖਦੇ ਹੋਏ, ਸਰਕਾਰ ਨੇ ਇੱਕ ਵਿਸ਼ਾਲ ਜਾਗਰੂਕਤਾ ਮੁਹਿੰਮ ਦੀ ਵੀ ਯੋਜਨਾ ਬਣਾਈ ਏ। ਇਹ ਪਹਿਲਕਦਮੀ ਨਵੇਂ ਢਾਂਚੇ ਦੇ ਤਹਿਤ ਨਾਗਰਿਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਬਾਰੇ ਸਿੱਖਿਅਤ ਕਰੇਗੀ, ਡੇਟਾ ਜ਼ਿੰਮੇਵਾਰੀ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰੇਗੀ ਅਤੇ ਡਿਜੀਟਲ ਨਿੱਜੀ ਡੇਟਾ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਭਾਰਤ ਦੀ ਵਚਨਬੱਧਤਾ ਨੂੰ ਵੀ ਦਰਸਾਉਂਦੀ ਏ।

---

ਕੇਂਦਰੀ ਸਿਹਤ ਮੰਤਰਾਲੇ ਨੇ ਕਿਹਾ ਏ ਕਿ ਉਹ, ਪਿਛਲੇ ਕੁਝ ਹਫ਼ਤਿਆਂ

ਵਿੱਚ ਚੀਨ ਵਿੱਚ HMP ਵਾਇਰਸ ਦੇ ਫੈਲਣ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਏ। ਮੰਤਰਾਲੇ ਨੇ ਲੋਕਾਂ ਨੂੰ ਸਾਵਧਾਨੀ ਵਰਤਣ ਲਈ ਵੀ ਕਿਹਾ ਏ। ਮੰਤਰਾਲੇ ਨੇ ਕਿਹਾ ਕਿ ਭਾਰਤੀ ਮੈਡੀਕਲ ਖੋਜ ਪ੍ਰੀਸ਼ਦ - HMP ਵਾਇਰਸ ਦੀ ਜਾਂਚ ਲਈ ਪ੍ਰਯੋਗਸ਼ਾਲਾਵਾਂ ਦੀ ਗਿਣਤੀ ਵਧਾਏਗੀ ਅਤੇ ਸਾਲ ਭਰ ਵਾਇਰਸ ਦੇ ਰੁਝਾਨਾਂ ਦੀ ਨਿਗਰਾਨੀ ਨੂੰ ਯਕੀਨੀ ਬਣਾਏਗੀ। ਮੰਤਰਾਲੇ ਨੇ ਇਸ ਮੁੱਦੇ 'ਤੇ ਵਿਚਾਰ ਕਰਨ ਲਈ, ਨਵੀਂ ਦਿੱਲੀ ਵਿੱਚ ਸਿਹਤ ਸੇਵਾਵਾਂ ਦੇ ਡਾਇਰੈਕਟਰ ਜਨਰਲ ਦੀ ਪ੍ਰਧਾਨਗੀ ਹੇਠ ਸੰਯੁਕਤ ਨਿਗਰਾਨੀ ਸਮੂਹ ਦੀ ਮੀਟਿੰਗ ਬੁਲਾਈ। ਸਿਹਤ ਸੇਵਾਵਾਂ ਦੇ ਡਾਇਰੈਕਟਰ ਜਨਰਲ ਡਾ: ਅਤੁਲ ਗੋਇਲ ਨੇ ਲੋਕਾਂ ਨੂੰ ਭਰੋਸਾ ਦਿੱਤਾ ਏ ਕਿ ਮੌਜੂਦਾ ਸਥਿਤੀ ਵਿੱਚ ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਏ ਅਤੇ ਲੋਕਾਂ ਨੂੰ ਸਾਵਧਾਨੀ ਵਰਤਣ ਦੀ ਲੋੜ ਏ। ਸੰਯੁਕਤ ਨਿਗਰਾਨੀ ਸਮੂਹ ਨੇ ਕਿਹਾ ਕਿ ICMR ਅਤੇ IDSP ਨੈਟਵਰਕਾਂ ਦੁਆਰਾ ਇਨਫਲੂਐਂਜ਼ਾ ਵਰਗੀ ਬਿਮਾਰੀ ਅਤੇ ਇਨਫਲੂਐਂਜ਼ਾ ਲਈ ਗੰਭੀਰ ਸਾਹ ਦੀ ਬਿਮਾਰੀ ਵਾਸਤੇ ਨਿਗਰਾਨੀ ਪ੍ਰਣਾਲੀ ਪਹਿਲਾਂ ਹੀ ਭਾਰਤ ਵਿੱਚ ਮੌਜੂਦ ਏ।

-----------------------------------------------------

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ  ਕਿ ਕੋਈ ਵੀ ਦੇਸ਼, ਉਦੋਂ ਤੱਕ ਤਰੱਕੀ ਨਹੀਂ ਕਰ ਸਕਦਾ ਜਦੋਂ ਤੱਕ ਉਸ ਦੇ ਨਾਗਰਿਕ ਪੂਰੀ ਤਰ੍ਹਾਂ ਰਾਸ਼ਟਰਵਾਦ ਨੂੰ ਸਮਰਪਿਤ ਨਹੀਂ ਹੁੰਦੇ। ਦਿੱਲੀ ਵਿੱਚ ਐਨ.ਸੀ.ਸੀ ਗਣਤੰਤਰ ਦਿਵਸ ਕੈਂਪ 2025 ਵਿੱਚ ਬੋਲਦਿਆਂ, ਸ਼੍ਰੀ ਧਨਖੜ ਨੇ ਕਿਹਾ ਕਿ ਭਾਰਤ ਦੇ ਵਿਕਾਸ ਲਈ ਰਾਸ਼ਟਰਵਾਦ, ਸੰਗਠਨ ਅਤੇ ਰਾਸ਼ਟਰ ਦੀ ਪਹਿਲੀ ਪਹੁੰਚ ਦੀ ਲੋੜ ਏ। ਉਪ ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਦਾ ਪਰਿਵਰਤਨ ਪੰਜ ਬੁਨਿਆਦੀ ਸਿਧਾਂਤਾਂ 'ਤੇ ਨਿਰਭਰ ਕਰਦਾ ਏ।

-----------------------------------------------------

ਪੰਜਾਬ ‘ਚ ਸਿੰਥੈਟਿਕ ਸਮੱਗਰੀ ਤੋਂ ਬਣੀ ਚਾਈਨਾ ਡੋਰ ‘ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਗਈ ਏ।ਇਹ ਹੁਕਮ ਪੰਜਾਬ ਦੇ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜਾਰੀ ਕੀਤੇ ਗਏ ਨੇ। ਇਸ ਸਬੰਧੀ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸਜ਼ਾ ਦੀ ਵਿਵਸਥਾ ਵੀ ਕੀਤੀ ਗਈ ਏ। ਜ਼ਿਕਰਯੋਗ ਏ ਕਿ  ਕਿ ਵਾਤਾਵਰਣ ਐਕਟ, 1986 ਦੀ ਧਾਰਾ 5 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਅੱਜ ਤੋਂ ਹਦਾਇਤਾਂ

ਜਾਰੀ ਕੀਤੀਆਂ ਗਈਆਂ ਨੇ। ਪ੍ਰਦੂਸ਼ਣ ਕੰਟਰੋਲ ਬੋਰਡ ਨੇ ਕਿਹੈ ਕਿ ਜੇਕਰ ਕੋਈ ਹਦਾਇਤਾਂ ਦੀ ਉਲੰਘਣਾ ਕਰਦਾ ਏ, ਤਾਂ ਉਸ ‘ਤੇ 10 ਹਜ਼ਾਰ ਰੁਪਏ ਤੋਂ ਲੈ ਕੇ 15 ਲੱਖ ਰੁਪਏ ਤੱਕ ਦਾ ਜੁਰਮਾਨਾ ਲਗਾਇਆ ਜਾ ਸਕਦਾ ਏ। ਵਿਭਾਗ ਨੇ ਇਹ ਵੀ ਕਿਹਾ ਏ ਕਿ ਜੇਕਰ ਕੋਈ ਵਿਅਕਤੀ ਚਾਈਨਾ ਡੋਰ ਦੀ ਵਰਤੋਂ ਜਾ ਇਸਦੇ ਭੰਡਾਰ ਬਾਰੇ ਜਾਣਕਾਰੀ ਦਿੰਦਾ ਏ, ਤਾਂ ਉਸ ਨੂੰ ਇਨਾਮ ਦਿੱਤਾ ਜਾਵੇਗਾ।

---------------------------------------------------------------

ਪੰਜਾਬ ਦੇ ਸਾਬਕਾ ਮੰਤਰੀ ਅਜਾਇਬ ਸਿੰਘ ਮੁਖਮੇਲਪੁਰ ਦਾ ਅੰਤਿਮ ਸਸਕਾਰ,ਅੱਜ ਉਨ੍ਹਾਂ ਦੇ ਜੱਦੀ ਪਿੰਡ ਮੁਖ-ਮੇਲਪੁਰ ਵਿਖੇ, ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ। ਬਿਮਾਰ ਰਹਿਣ ਮਗਰੋਂ ਬੀਤੇ ਦਿਨ ਉਨ੍ਹਾਂ ਦਾ ਦਿਹਾਂਤ ਹੋ ਗਿਆ ਸੀ। ਇਸ ਮੌਕੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਪਟਿਆਲਾ ਪੁਲਿਸ ਦੀ ਟੁਕੜੀ ਨੇ ਹਥਿਆਰ ਉਲਟੇ ਕਰਕੇ ਅਤੇ ਫਾਇਰ ਕਰਕੇ ਸਾਬਕਾ ਮੰਤਰੀ ਨੂੰ ਸ਼ੋਕ ਸਲਾਮੀ ਦਿੱਤੀ।

ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਅਗਨੀ ਉਨ੍ਹਾਂ ਦੇ ਪੁੱਤਰ ਅਜੇਪ੍ਰੀਤ ਸਿੰਘ ਨੇ ਦਿਖਾਈ। ਜਿਕਰਯੋਗ ਏ ਕਿ ਅਜਾਇਬ ਸਿੰਘ 1997 ਵਿੱਚ ਹਲਕਾ ਘਨੌਰ ਤੋਂ ਵਿਧਾਇਕ ਚੁਣੇ ਗਏ ਸਨ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਬਣੇ।

--------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਮੁਹਾਲੀ ਦੇ ਫੇਜ਼ 8 ਬੀ ਦੇ ਉਦਯੋਗਪਤੀਆਂ ਅਤੇ ਵਸਨੀਕਾਂ ਦੇ ਵਫਦ ਨਾਲ ਗਾਰਬੇਜ ਡੰਪਿੰਗ ਗਰਾਊਂਡ ਨੂੰ ਹਟਾਉਣ ਅਤੇ ਉਦਯੋਗਿਕ ਅਤੇ ਰਿਹਾਇਸ਼ੀ ਖੇਤਰਾਂ ਨੂੰ ਪ੍ਰਭਾਵਿਤ ਕਰਨ ਵਾਲੀਆਂ ਹੋਰ ਨਾਗਰਿਕ ਸ਼ਿਕਾਇਤਾਂ ਸਮੇਤ ਵੱਖ-ਵੱਖ ਮੁੱਦਿਆਂ ’ਤੇ ਚਰਚਾ ਕੀਤੀ। ਮੰਤਰੀ ਨੇ ਵਫ਼ਦ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਜਲਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਤੁਰੰਤ ਮੌਕੇ ਦਾ ਦੌਰਾ ਕਰਨ ਅਤੇ ਡੰਪਿੰਗ ਗਰਾਊਂਡ ਨੂੰ ਹਟਾਉਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਬੁਨਿਆਦੀ ਢਾਂਚੇ ਸਬੰਧੀ ਚੁਣੌਤੀਆਂ ਨਾਲ ਨਜਿੱਠਣ ਅਤੇ ਵਪਾਰ ਲਈ ਅਨੁਕੂਲ ਮਾਹੌਲ ਸਿਰਜ ਕੇ ਉਦਯੋਗਿਕ

ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਸਰਕਾਰ ਦੀ ਵਚਨਬੱਧਤਾ ਵੀ ਦੁਹਰਾਈ।

---

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ 10ਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਸੰਗਤ ਨੂੰ ਵਧਾਈ ਦਿੰਦਿਆਂ ਗੁਰੂ ਸਾਹਿਬ ਦੇ ਦਰਸਾਏ ਮਾਰਗ ’ਤੇ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਆਖਿਆ ਕਿ ਦਸਮ ਪਾਤਸ਼ਾਹ ਜੀ ਦਾ ਜੀਵਨ ਮਨੁੱਖਤਾ ਲਈ ਚਾਨਣ ਮੁਨਾਰਾ ਏ , ਜਿਸ ਤੋਂ ਸੇਧ ਲੈ ਕੇ ਜੀਵਨ ਦੀਆਂ ਤਰਜੀਹਾਂ ਨਿਰਧਾਰਤ ਕਰਨੀਆਂ ਚਾਹੀਦੀਆਂ ਨੇ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਇਕ ਕ੍ਰਾਂਤੀਕਾਰੀ ਰਹਿਬਰ ਸਨ, ਜਿਨ੍ਹਾਂ ਨੇ ਜਬਰ ਜ਼ੁਲਮ ਖਿਲਾਫ ਅਵਾਜ਼ ਉਠਾਈ ਅਤੇ ਮਨੁੱਖਤਾਂ ਨੂੰ ਸਵੈਮਾਨ ਨਾਲ ਜੀਵਨ ਜਿਉਣ ਲਈ ਉਤਸਾਹਤ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਆਪਣਾ ਸਰਬੰਸ, ਮਾਨਵਤਾ ਲਈ ਵਾਰ ਕੇ, ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਇਕ ਵਿਲੱਖਣ ਮਿਸਾਲ ਕਾਇਮ ਕੀਤੀ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ, ਗੁਰੂ ਸਾਹਿਬ ਦੇ ਪ੍ਰਕਾਸ਼

ਪੁਰਬ ਮੌਕੇ ਸਮਾਜਿਕ ਬੁਰਾਈਆਂ ਵਿਰੁੱਧ ਅਵਾਜ਼ ਬੁਲੰਦ ਕਰਨ ਅਤੇ ਗੁਰੂ ਸਾਹਿਬ ਦੇ ਜੀਵਨ ਤੇ ਉਪਦੇਸ਼ਾਂ 'ਤੇ ਚੱਲ ਕੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ।

---------------------------------------------------

ਮੌਸਮ ਵਿਭਾਗ ਨੇ ਅੱਜ ਜੰਮੂ-ਕਸ਼ਮੀਰ, ਲੱਦਾਖ ਅਤੇ ਹਿਮਾਚਲ ਪ੍ਰਦੇਸ਼ ਵਿੱਚ ਹਲਕੀ ਬਾਰਿਸ਼ ਅਤੇ ਬਰਫਬਾਰੀ ਦੀ ਭਵਿੱਖਬਾਣੀ ਕੀਤੀ ਏ। ਵਿਭਾਗ ਨੇ ਕਿਹਾ ਕਿ ਅਗਲੇ ਤਿੰਨ ਦਿਨਾਂ 'ਚ, ਉੱਤਰ-ਪੱਛਮੀ ਇਲਾਕਿਆਂ 'ਚ ਘੱਟੋ-ਘੱਟ ਤਾਪਮਾਨ 2 ਤੋਂ 3 ਡਿਗਰੀ ਤੱਕ ਵਧ ਸਕਦਾ ਏ । ਵਿਭਾਗ ਨੇ ਅਗਲੇ ਦੋ ਦਿਨਾਂ ਵਿੱਚ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਉੱਤਰ ਪ੍ਰਦੇਸ਼ ਵਿੱਚ ਮੀਂਹ ਅਤੇ ਗਰਜ ਨਾਲ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ । ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਜਾਣਕਾਰੀ ਦੀਦਿਆਂ ਦਸਿਆ ।

---------------------------------------------------

ਪਿਛਲੇ ਕਈ ਦਿਨਾਂ ਤੋਂ ਪੈ ਰਹੀ ਧੁੰਦ ਅਤੇ ਕੋਹਰੇ ਨਾਲ ਆਮ ਜਨ ਜੀਵਨ ਪ੍ਰਭਾਵਿਤ ਹੋ ਰਿਹਾ ਏ । ਇਸੇ ਸਿਲਸਿਲੇ ਵਿਚ ਜ਼ਿਲਾ ਫਤਿਹਗੜ੍ਹ

ਸਾਹਿਬ ਵਿੱਚ ਟਰੈਫਿਕ ਪੁਲਿਸ ਵਲੋਂ ਆਉਂਦੇ ਜਾਂਦੇ ਵਾਹਨਾ ਤੇ ਰਿਫਲੈਕਟਰ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਏ । ਟਰੈਫਿਕ ਵਿਭਾਗ ਨੇ ਦੱਸਿਆ ਕਿ ਲੋਕ ਖੁਦ ਵੀ ਇਸ ਬਾਰੇ ਕਾਫੀ ਜਾਗਰੂਕ ਨੇ। ਟਰੈਫਿਕ ਵਿਭਾਗ ਨੇ ਲੋਕਾਂ ਨੂੰ ਸੜਕਾਂ ਉਤੇ ਕੋਹਰੇ ਦੇ ਪ੍ਰਭਾਵ ਤੋਂ ਬਚਣ ਲਈ, ਵਾਹਨਾ ਵਿੱਚ ਦੂਰੀ ਬਣਾ ਕੇ ਰੱਖਣ ,ਵਾਹਨਾਂ ਦੀਆਂ ਲਾਈਟਾਂ ਜਗਾ ਕੇ ਰੱਖਣ , ਦੀ ਸਲਾਹ ਦਿਤੀ ਤਾਂ ਜੋ ਸੜਕੀ ਹਾਸਿਆਂ ਤੋਂ ਬਚਿਆ ਜਾ ਸਕੇ।

-----------------------------------------------------

ਆਸਟਰੇਲੀਆ ਨੇ ਸਿਡਨੀ ਵਿੱਚ 5ਵੇਂ ਅਤੇ ਆਖਰੀ ਟੈਸਟ ਮੈਚ ਵਿੱਚ ਭਾਰਤ ਨੂੰ 6 ਵਿਕਟਾਂ ਨਾਲ ਹਰਾ ਕੇ ਬਾਰਡਰ-ਗਾਵਸਕਰ ਟਰਾਫੀ, 3-1 ਨਾਲ ਜਿੱਤ ਲਈ ਏ। ਆਸਟਰੇਲੀਆ ਨੇ ਅੱਜ ਤੀਜੇ ਦਿਨ 162 ਦੌੜਾਂ ਦੇ ਟੀਚੇ ਦਾ ਸਫਲਤਾਪੂਰਵਕ ਪਿੱਛਾ ਕੀਤਾ। ਇਸ ਜਿੱਤ ਦੇ ਨਾਲ ਹੀ ਆਸਟਰੇਲੀਆ ਨੇ ਆਈ.ਸੀ.ਸੀ ਵਿਸ਼ਵ ਟੈਸਟ ਚੈਂਪੀਅਨਸ਼ਿਪ ਦੇ ਇਸੇ ਸਾਲ ਜੂਨ ਮਹੀਨੇ ਹੋਣ ਵਾਲੇ ਫਾਈਨਲ ਲਈ ਵੀ ਕੁਆਲੀਫਾਈ ਕਰ

ਲਿਆ ਏ । ਫਾਈਨਲ 'ਚ ਉਸ ਦਾ ਸਾਹਮਣਾ ਦੱਖਣੀ ਅਫਰੀਕਾ ਨਾਲ ਹੋਵੇਗਾ ।

---------------------------------------------------

*ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ*

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਦੇ ਸਾਹਿਬਾ-ਬਾਦ ਅਤੇ ਨਿਊ ਅਸ਼ੋਕ ਨਗਰ ਦਰਮਿਆਨ, ਨਮੋ ਭਾਰਤ ਲਾਂਘੇ ਸਮੇਤ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ।
- ਸਰਕਾਰ ਨੇ ਕਿਹਾ- ਡਿਜੀਟਲ ਨਿਜੀ ਡੇਟਾ ਸੁਰੱਖਿਆ ਨਿਯਮਾਂ ਦੇ ਖਰੜੇ ਦਾ ਉਦੇਸ਼, ਇਸਦੀ ਸੁਰੱਖਿਆ ਲਈ, ਇੱਕ ਮਜ਼ਬੂਤ ਢਾਂਚਾ ਤਿਆਰ ਕਰਨਾ ਏ ।
- ਸਿਹਤ ਮੰਤਰਾਲੇ ਦੀ, ਚੀਨ ਵਿੱਚ H.M.P. ਵਾਇਰਸ ਦੇ ਫੈਲਣ 'ਤੇ ਕਰੜੀ ਨਜ਼ਰ - ਮੰਤਰਾਲੇ ਨੇ ਲੋਕਾਂ ਨੂੰ, ਬਿਲਕੁਲ ਵੀ ਨਾ ਘਬਰਾਓਣ ਤੇ ਸਾਵਧਾਨੀ ਵਰਤਣ ਦੀ ਕੀਤੀ ਅਪੀਲ ।
- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ, ਸੂਬੇ ‘ਚ ਸਿੰਥੈਟਿਕ ਸਮੱਗਰੀ ਤੋਂ ਬਣੀ ਚਾਈਨਾ ਡੋਰ ‘ਤੇ, ਮੁਕੰਮਲ ਤੌਰ ਪਾਬੰਦੀ ਦੇ ਹੁਕਮ ਜਾਰੀ-

ਹੁਕਮਾਂ ਦੀ ਉਲੰਘਣਾ ਕਰਨ 'ਤੇ ਸਜ਼ਾ ਦੀ ਵਿਵਸਥਾ ਵੀ ਕੀਤੀ ਗਈ ਏ।

- ਪੰਜਾਬ ਦੇ ਸਾਬਕਾ ਮੰਤਰੀ ਅਜਾਇਬ ਸਿੰਘ ਮੁਖਮੇਲਪੁਰ ਦਾ ਅੰਤਿਮ ਸਸਕਾਰ,ਅੱਜ ਉਨ੍ਹਾਂ ਦੇ ਜੱਦੀ ਪਿੰਡ ਮੁਖ-ਮੇਲਪੁਰ ਵਿਖੇ, ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ।
- ਮੌਸਮ ਵਿਭਾਗ ਨੇ, ਅਗਲੇ ਦੋ ਦਿਨਾਂ ਵਿੱਚ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਗਰਜ ਨਾਲ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ।